Vigilance Bureau Punjab

# Vigilance nabs food inspector for taking bribe

Chandigarh, October 8: State Vigilance Bureau today nabbed an Inspector of Food & Civil Supplies red handed for accepting bribe of Rs. 4000/-.

Disclosing this here today a spokesman of Vigilance Bureau Punjab said Food Inspector Munish Kumar posted at Bhikhi in Mansa district was caught red handed while he was accepting bribe of Rs. 4000 from a contractor Bharpur Singh of Bhikhi, Mansa district.

Giving details he said the complainant has approached the VB and alleged that the above named accused was demanding bribe of Rs. 5000 to clear his pending bills regarding transportation charges and the deal was struck at Rs. 4000.

After verifying his complaint the VB team laid a trap and the accused was caught red handed and tainted money was recovered from him in the presence of two official witnesses. He informed that a case under Prevention of Corruption Act has been registered against the accused at VB police station Bathinda and further investigation was under progress.

--------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਖੁਰਾਕ ਤੇ ਸਿਵਲ ਸਪਲਾਈ ਇੰਸਪੈਕਟਰ ਰਿਸ਼ਵਤ ਲੈਂਦਾ ਰੰਗੇ ਹੱਥੀ ਕਾਬੂ

ਚੰਡੀਗੜ੍ਹ, 8 ਅਕਤੂਬਰ: ਪੰਜਾਬ ਵਿਜੀਲੈਂਸ ਬਿਊਰੋ ਪੰਜਾਬ ਨੇ ਅੱਜ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਇਕ ਇੰਸਪੈਕਟਰ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਕਸਬਾ ਭੀਖੀ, ਜਿਲ੍ਹਾ ਮਾਨਸਾ ਵਿਖੇ ਤਾਇਨਾਤ ਫੂਡ ਇੰਸਪੈਕਟਰ ਮਨੀਸ਼ ਕੁਮਾਰ ਨੂੰ ਸ਼ਿਕਾਇਤਕਰਤਾ ਠੇਕੇਦਾਰ ਭਰਭੂਰ ਸਿੰਘ, ਵਾਸੀ ਭੀਖੀ ਜਿਲਾ ਮਾਨਸਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਫੂਡ ਇੰਸਪੈਕਟਰ ਵਲੋਂ ਉਸ ਦੇ ਢੋਆ-ਢੁਆਈ ਦੇ ਬਿੱਲਾਂ ਦੀ ਅਦਾਇਗੀ ਕਰਨ ਬਦਲੇ 5000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 4,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਫੂਡ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 4000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਖੇ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

----------